# ਪੀ ਏ ਯੂ ਨੇ ਸਨਮਾਨ ਦੇਣ ਲਈ ਅਗਾਂਹਵਧੂ ਕਿਸਾਨਾਂ ਤੋਂ ਅਰਜ਼ੀਆਂ ਮੰਗੀਆਂ

ਸਤੰਬਰ ਮਹੀਨੇ ਦੌਰਾਨ ਅਗਾਂਹਵਧੂ ਕਿਸਾਨ ਵੀਰਾਂ ਅਤੇ ਭੈਣਾਂ ਨੂੰ ਸਨਮਾਨਿਤ ਕਰਨ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ ਏ ਯੂ), ਲੁਧਿਆਣਾ ਦੇ ਪਸਾਰ ਸਿੱਖਿਆ ਡਾਇਰੈਕਟੋਰੇਟ ਨੇ ਅਰਜ਼ੀਆਂ ਮੰਗੀਆਂ ਹਨ।

ਇਸ ਬਾਰੇ ਜਾਣਕਾਰੀ ਦਿੰਦਿਆਂ ਪੀ ਏ ਯੂ ਦੇ ਪਸਾਰ ਸਿੱਖਿਆ ਨਿਰਦੇਸ਼ਕ ਅਸ਼ੋਕ ਕੁਮਾਰ ਨੇ ਦੱਸਿਆ ਕਿ ਇਨ੍ਹਾਂ ਇਨਾਮਾਂ ਵਿੱਚੋਂ **ਸਰਦਾਰ ਦਲੀਪ ਸਿੰਘ ਧਾਲੀਵਾਲ ਪੁਰਸਕਾਰ** ਪ੍ਰਮੁੱਖ ਹੈ। ਇਹ ਇਨਾਮ ਉਹ ਕਿਸਾਨਾਂ ਨੂੰ ਦਿੱਤਾ ਜਾਵੇਗਾ ਜਿਹੜੇ ਆਪਣੇ ਖੇਤਾਂ ਵਿੱਚ ਖ਼ੁਦ ਫ਼ਸਲਾਂ ਉਗਾਉਂਦੇ ਹਨ। ਇਸ ਪੁਰਸਕਾਰ ਵਿੱਚ 5,000 ਰੁਪਏ ਦੀ ਰਾਸ਼ੀ ਤੋਂ ਇਲਾਵਾ ਸਨਮਾਨ ਪੱਤਰ ਵੀ ਸ਼ਾਮਿਲ ਹੈ।

ਇਸੇ ਤਰ੍ਹਾਂ **ਪਰਵਾਸੀ ਭਾਰਤੀ ਪੁਰਸਕਾਰ** ਵੰਨ-ਸਵੰਨੀ ਖੇਤੀ ਕਰਨ ਵਾਲੇ ਕਿਸਾਨਾਂ ਨੂੰ ਦਿੱਤਾ ਜਾਵੇਗਾ। ਇਸ ਪੁਰਸਕਾਰ ਵਿੱਚ 8,000 ਰੁਪਏ ਦੀ ਧਨ ਰਾਸ਼ੀ ਤੋਂ ਇਲਾਵਾ ਸ਼ਲਾਘਾ ਪੱਤਰ ਵੀ ਦਿੱਤਾ ਜਾਂਦਾ ਹੈ।

**ਸਰਦਾਰ ਉਜਾਗਰ ਸਿੰਘ ਧਾਲੀਵਾਲ ਯਾਦਗਾਰੀ ਪੁਰਸਕਾਰ** ਉਹ ਕਿਸਾਨਾਂ ਨੂੰ ਦਿੱਤਾ ਜਾਵੇਗਾ ਜਿਹੜੇ ਆਪਣੀ ਕੁੱਲ ਜ਼ਮੀਨ ਵਿੱਚੋਂ 60 ਫੀਸਦੀ ਰਕਬੇ 'ਤੇ ਸਬਜ਼ੀਆਂ ਬੀਜਦੇ ਹਨ। ਇਸ ਪੁਰਸਕਾਰ ਵਿੱਚ 3,100 ਰੁਪਏ ਦੀ ਧਨ ਰਾਸ਼ੀ ਤੋਂ ਇਲਾਵਾ ਸ਼ਲਾਘਾ ਪੱਤਰ ਵੀ ਦਿੱਤਾ ਜਾਵੇਗਾ।

**ਸਰਦਾਰ ਸੁਰਜੀਤ ਸਿੰਘ ਢਿੱਲੋਂ ਪੁਰਸਕਾਰ** 5 ਏਕੜ ਤੋਂ ਘੱਟ ਮਾਲਕੀ ਵਾਲੇ ਅਗਾਂਹਵਧੂ ਕਿਸਾਨਾਂ ਨੂੰ ਦਿੱਤਾ ਜਾਵੇਗਾ ਜਿਹੜੇ ਖ਼ੁਦ ਖੇਤੀ ਕਰਦੇ ਹੋਣ। ਇਸ ਸਨਮਾਨ ਦੀ ਰਾਸ਼ੀ 5,000 ਰੁਪਏ ਹੋਵੇਗੀ।

**ਸਰਦਾਰਨੀ ਜਗਬੀਰ ਕੌਰ ਗਰੇਵਾਲ ਮੈਮੋਰੀਅਲ ਇੰਨੋਵੇਟਿਵ ਵਿਮੈਨ ਫਾਰਮਰ ਐਵਾਰਡ** ਅਗਾਂਹਵਧੂ ਕਿਸਾਨ ਬੀਬੀਆਂ ਲਈ ਰਾਖਵਾਂ ਹੈ। ਇਸ ਵਿੱਚ ਕਿਸਾਨ ਬੀਬੀ ਨੂੰ 3,100 ਰੁਪਏ ਦੀ ਰਾਸ਼ੀ ਤੋਂ ਇਲਾਵਾ ਸਨਮਾਨ ਚਿੰਨ੍ਹ ਅਤੇ ਸ਼ਲਾਘਾ ਪੱਤਰ ਦਿੱਤਾ ਜਾਵੇਗਾ।

ਇਸ ਤੋਂ ਇਲਾਵਾ **ਭਾਈ ਬਾਬੂ ਸਿੰਘ ਬਰਾੜ ਬੈਸਟ ਪੌਂਡ ਐਵਾਰਡ** ਦਿੱਤਾ ਜਾਵੇਗਾ। ਇਸਦੀ ਰਾਸ਼ੀ 20,000 ਰੁਪਏ ਹੈ ਅਤੇ ਇਸਦੇ ਨਾਲ ਸਨਮਾਨ ਚਿੰਨ੍ਹ ਵੀ ਦਿੱਤਾ ਜਾਏਗਾ। ਇਸਦੀ ਲਾਜ਼ਮੀ ਸ਼ਰਤ ਹੈ ਘੱਟੋ ਘੱਟ ਦੋ ਕਨਾਲ ਰਕਬੇ ਵਿੱਚ 4 ਫੁੱਟ ਡੂੰਘਾ ਛੱਪੜ ਜਿਸਦੀ ਸਫਾਈ ਅਤੇ ਪ੍ਰਬੰਧ ਦੁਆਰਾ ਪਾਣੀ ਦੀ ਵੱਖ-ਵੱਖ ਕੰਮਾਂ ਲਈ ਵਰਤੋਂ ਦੇ ਆਧਾਰ ਤੇ ਚੋਣ ਕੀਤੀ ਜਾਵੇਗੀ। ਇਹ ਸ਼ਰਤਾਂ 'ਤੇ ਖਰਾ ਉਤਰਨ ਵਾਲੇ ਪਿੰਡ ਜਾਂ ਕਸਬੇ ਨੂੰ ਇਹ ਇਨਾਮ ਪ੍ਰਦਾਨ ਕੀਤਾ ਜਾਵੇਗਾ।

ਇਹ ਸਾਰੇ ਪੁਰਸਕਾਰ ਸਤੰਬਰ ਮਹੀਨੇ ਹੋਣ ਵਾਲੇ ਕਿਸਾਨ ਮੇਲੇ ਵਿੱਚ ਦਿੱਤੇ ਜਾਣਗੇ। ਇਹ ਇਨਾਮਾਂ ਲਈ ਨਾਮਜ਼ਦਗੀਆਂ ਭੇਜਣ ਵਾਸਤੇ ਕਿਸਾਨ ਆਪਣੇ ਜ਼ਿਲ੍ਹਿਆਂ ਦੇ ਕ੍ਰਿਸ਼ੀ ਵਿਗਿਆਨ ਕੇਂਦਰਾਂ ਦੇ ਉਪ-ਨਿਰਦੇਸ਼ਕ, ਖੇਤੀ ਖੋਜ ਕੇਂਦਰਾਂ ਦੇ ਨਿਰਦੇਸ਼ਕ, ਜ਼ਿਲ੍ਹਾ ਪਸਾਰ ਮਾਹਿਰਾਂ ਦੇ ਦਫ਼ਤਰ, ਮੁੱਖ ਖੇਤੀਬਾੜੀ ਅਫ਼ਸਰ, ਬਾਗਬਾਨੀ ਵਿਭਾਗ ਦੇ ਉਪ-ਨਿਰਦੇਸ਼ਕ ਅਤੇ ਨਿਰਦੇਸ਼ਕ ਪਸਾਰ ਸਿੱਖਿਆ ਦੇ ਮੁੱਖ ਦਫ਼ਤਰ, ਪੀ ਏ ਯੂ, ਲੁਧਿਆਣਾ ਤੋਂ ਫਾਰਮ ਹਾਸਲ ਕਰ ਸਕਦੇ ਹਨ।

ਭਰਨ ਉਪਰੰਤ ਇਹ ਫਾਰਮ 15 ਜੁਲਾਈ, 2022 ਤੱਕ ਨਿਰਦੇਸ਼ਕ ਪਸਾਰ ਸਿੱਖਿਆ, ਪੀ ਏ ਯੂ ਲੁਧਿਆਣਾ ਦੇ ਮੁੱਖ ਦਫ਼ਤਰ ਤੱਕ ਪਹੁੰਚਾਉਣੇ ਜ਼ਰੂਰੀ ਹਨ। ਅਸ਼ੋਕ ਕੁਮਾਰ ਨੇ ਇਹ ਵੀ ਦੱਸਿਆ ਕਿ ਹਰ ਪੁਰਸਕਾਰ ਲਈ ਵੱਖਰੀ-ਵੱਖਰੀ ਅਰਜ਼ੀ ਪ੍ਰਵਾਨ ਕੀਤੀ ਜਾਵੇਗੀ। ਇਸ ਬਾਰੇ ਵਧੇਰੇ ਜਾਣਕਾਰੀ ਲਈ ਨਿਰਦੇਸ਼ਕ ਪਸਾਰ ਸਿੱਖਿਆ ਦੇ ਦਫ਼ਤਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ।